# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਨਗਰ ਨਿਗਮ ਵੱਲੋਂ ਪਾਣੀ ਅਤੇ ਸੀਵਰੇਜ਼ ਦੇ ਬਿੱਲ ਕਪਿੰਊਟਰ ਨਾਲ ਤਿਆਰ ਕਰਨ ਦਾ ਕੰਮ ਜਲਦੀ ਹੀ ਸ਼ੁਰੂ ਕੀਤਾ ਜਾਵੇਗਾ.........ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 15 ਜੁਲਾਈ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਪੀਣ ਵਾਲੇ ਪਾਣੀ ਅਤੇ ਸੀਵਰੇਜ਼ ਦੇ ਬਿੱਲ ਕਪਿੰਊਟਰ ਨਾਲ ਤਿਆਰ ਕਰਨ ਦਾ ਕੰਮ ਜਲਦੀ ਹੀ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਆਪਣੇ ਦਫਤਰ ਵਿਖੇ ਨਗਰ ਨਿਗਮ ਦੇ ਸਬੰਧਤ ਅਧਿਕਾਰੀਆਂ ਨਾਲ ਪਾਣੀ ਅਤੇ ਸੀਵਰੇਜ਼ ਦੇ ਬਿੱਲ ਕਪਿੰਊਟਰ ਨਾਲ ਤਿਆਰ ਕਰਨ ਸਬੰਧੀ ਆਯੋਜਿਤ ਮੀਟਿੰਗ ਦੋਰਾਨ ਦਿੱਤੀ।ਇਸ ਮੋਕੇ ਤੇ ਉਹਨ੍ਹਾਂ ਨੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਪਾਣੀ ਅਤੇ ਸੀਵਰੇਜ਼ ਦੇ ਬਿੱਲ ਕਪਿੰਊਟਰਾਈਜਡ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕਰਨ ਉਪਰੰਤ ਦਸਿੱਆ ਕਿ ਇਸ ਨਾਲ ਨਗਰ ਨਿਗਮ ਦੇ ਕੰਮ ਕਾਜ ਵਿੱਚ ਕਾਫੀ ਸੁਧਾਰ ਆਵੇਗਾ ਅਤੇ ਪਾਣੀ ਅਤੇ ਸੀਵਰੇਜ਼ ਦੀ ਵਰਤੋਂ ਕਰਨ ਵਾਲੇ ਲੋਕਾਂ ਨੂੰ ਸਮੇਂ ਸਿਰ ਕਪਿੰਊਟਰਾਈਜਡ ਬਿੱਲ ਭੇਜੇ ਜਾ ਸਕਣਗੇ।

ਨਗਰ ਨਿਗਮ ਦੇ ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਸੁਪਰਡੰਟ ਸਵਾਮੀ ਸਿੰਘ, ਅਮਿਤ ਕੁਮਾਰ, ਲੇਖਾਕਾਰ ਰਾਜਨ ਕੁਮਾਰ, ਇੰਸਪੈਕਟਰ ਰਵਿੰਦਰ ਠਾਕੁਰ, ਕੁਲਵਿੰਦਰ ਸਿੰਘ, ਸੈਨਟਰੀ ਇੰਸਪੈਕਟਰ ਸੰਜੀਵ ਕੁਮਾਰ, ਜਨਕ ਰਾਜ, ਸੁਰਿੰਦਰ ਕੁਮਾਰ, ਵਿਨੈ ਉਪਲ, ਕੋਂਸਲਰ ਸੁਰੇਸ਼ ਭਾਟੀਆ ਬਿੱਟੂ, ਰਮੇਸ਼ ਠਾਕੁਰ, ਨਿਪੁਨ ਸ਼ਰਮਾ, ਰੂਪ ਲਾਲ ਥਾਪਰ, ਮੀਨੂੰ ਸੇਠੀ, ਸਵਿਤਾ ਸੂਦ, ਰਣਜੀਤ ਚੋਧਰੀ ਵੀ ਇਸ ਮੀਟਿੰਗ ਵਿੱਚ ਹਾਜਰ ਸਨ।